ਨਵੇਂ ਵਰ੍ਹੇ ਦੀ ਆਮਦ ਸੰਬੰਧੀ ਡਿਪਟੀ ਕਮਿਸ਼ਨਰ ਦਫ਼ਤਰ ਦੇ ਕਰਮਚਾਰੀਆਂ ਵਲੋਂ ਕਰਵਾਏ ਸੁਖਮਨੀ ਸਾਹਿਬ ਦੇ ਪਾਠ ਸਮਾਗਮ ਵਿਚ ਸ਼ਬਦ ਕੀਰਤਨ ਸਰਵਣ ਕਰਦੇ ਹੋਏ ਡਿਪਟੀ ਕਮਿਸ਼ਨਰ ਸੰਦੀਪ ਹੰਸ ਤੇ ਹੋਰ ਅਧਿਕਾਰੀ। ਅਜੀਤ ਤਸਵੀਰ

ਡਿਪਟੀ ਕਮਿਸ਼ਨਰ ਦਫ਼ਤਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਤੇ ਸ਼ਬਦ ਕੀਰਤਨ ਸਮਾਗਮ ਕਰਵਾਏ

ਪਟਿਆਲਾ, 3 ਜਨਵਰੀ (ਅ.ਸ. ਆਹਲੂਵਾਲੀਆ) - ਨਵੇਂ ਵਰ੍ਹੇ 2022 ਦੇ ਪਹਿਲੇ ਕੰਮ ਵਾਲੇ ਦਿਨ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਇੱਥੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਅਤੇ ਸ਼ਬਦ ਕੀਰਤਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਕੁਲਵੰਤ ਸਿੰਘ ਕਿਲ੍ਹਾ ਮੁਬਾਰਕ ਦੇ ਰਾਗੀ ਜਥੇ ਨੇ ਰਸਭਿੰਨਾ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਦੌਰਾਨ ਵਾਤਾਵਰਨ ਦੀ ਸ਼ੁੱਧਤਾ ਲਈ ਸਮੂਹ ਸੰਗਤ ਨੂੰ ਬੂਟੇ ਵੀ ਵੰਡੇ ਗਏ। ਡਿਪਟੀ ਕਮਿਸ਼ਨਰ ਸੰਦੀਪ ਹੰਸ ਨੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਨਵੇਂ ਵਰ੍ਹੇ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਉਮੀਦ ਜਤਾਈ ਕਿ ਸਮੂਹ ਅਧਿਕਾਰੀ ਤੇ ਕਰਮਚਾਰੀ ਜਿਸ ਤਰ੍ਹਾਂ ਪਿਛਲੇ ਵਰ੍ਹੇ 'ਚ ਆਪਣੀ ਡਿਊਟੀ ਇਮਾਨਦਾਰੀ, ਤਨਦੇਹੀ ਤੇ ਪੂਰੀ ਲਗਨ ਨਾਲ ਨਿਭਾਉਂਦੇ ਰਹੇ ਹਨ, ਉਸੇ ਤਰ੍ਹਾਂ ਹੀ ਇਸ ਸਾਲ 'ਚ ਵੀ ਸਾਰੇ ਜਣੇ ਆਪਣੇ ਫ਼ਰਜ਼ ਤੇ ਡਿਊਟੀ ਸਮਰਪਣ ਭਾਵਨਾ ਨਾਲ ਨਿਭਾਉਣਗੇ। ਇਸ ਮੌਕੇ ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਕਿਰਨ ਸ਼ਰਮਾ, ਜ਼ਿਲ੍ਹਾ ਮਾਲ ਅਫ਼ਸਰ ਮੁਕੇਸ਼ ਕੁਮਾਰ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਹਰਦੇਵ ਸਿੰਘ ਆਸੀ, ਸੁਪਰਡੈਂਟ ਹਰਜੀਤ ਸਿੰਘ, ਇਸ ਸਮਾਗਮ ਨੂੰ ਕਰਵਾਉਣ ਵਾਲੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਕਰਮਚਾਰੀ ਲਾਲ ਸਿੰਘ ਸਮੇਤ ਵੱਡੀ ਗਿਣਤੀ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵੀ ਸ਼ਿਰਕਤ ਕੀਤੀ। ਗੁਰਦੁਆਰਾ ਅਨੰਦ ਨਗਰ-ਏ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਰੂਪ ਸਿੰਘ ਭੰਗੂ ਨੇ ਸ੍ਰੀ ਸੰਦੀਪ ਹੰਸ ਤੇ ਹੋਰਨਾਂ ਨੂੰ ਸਿਰੋਪਾਉ ਬਖ਼ਸ਼ਿਸ਼ ਕਰਕੇ ਸਨਮਾਨਿਤ ਕੀਤਾ।

ਸਾਡੇ ਹੱਕ ਇੱਥੇ ਰੱਖ ....ਸਿਵਲ ਹਸਪਤਾਲ ਰਾਜਪੁਰਾ ਵਿਖੇ ਨਰਸਿੰਗ ਸਟਾਫ ਆਪਣੀਆਂ ਭਖਦੀਆਂ ਮੰਗਾਂ ਦੇ ਹੱਕ ਚ ਪੀਪੇ ਖੜਕਾ ਕੇ ਰੋਸ ਮੁਜ਼ਾਹਰਾ ਕਰਦਾ ਹੋਇਆ। ਅਜੀਤ ਤਸਵੀਰ

ਨਰਸਿੰਗ ਸਟਾਫ਼ ਨੇ ਪੀਪੇ ਖੜਕਾ ਕੇ ਕੀਤਾ ਰੋਸ ਮੁਜ਼ਾਹਰਾ

ਰਾਜਪੁਰਾ, 3 ਜਨਵਰੀ (ਰਣਜੀਤ ਸਿੰਘ) - ਇੱਥੋਂ ਦੇ ਸਿਵਲ ਹਸਪਤਾਲ 'ਚ ਕੰਮ ਕਰਦੀਆਂ ਨਰਸਿੰਗ ਸਟਾਫ਼ ਵਲੋਂ ਬੀਤੇ ਕਰੀਬ ਇਕ ਮਹੀਨੇ ਤੋਂ ਹੜਤਾਲ ਕੀਤੀ ਹੋਈ ਹੈ। ਅੱਜ ਉਨ੍ਹਾਂ ਨੇ ਪੰਜਾਬ ਸਰਕਾਰ ਦੇ ਖ਼ਿਲਾਫ਼ ਪੀਪੇ ਖੜਕਾ ਕੇ ਰੋਸ ਮੁਜ਼ਾਹਰਾ ਕੀਤਾ। ਨਰਸਿੰਗ ਸਟਾਫ਼ ਨੇ ਹੱਥਾਂ 'ਚ ਮਾਟੋ ਫੜ੍ਹੇ ਹੋਏ ਸਨ। ਪੰਜਾਬ ਸਰਕਾਰ ਦੇ ਖ਼ਿਲਾਫ਼ ਆਕਾਸ਼ ਗੁੰਜਾਊ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਨਰਸਿੰਗ ਸਟਾਫ਼ ਇੰਦਰ ਰੂਪ ਕੌਰ ਅਤੇ ਰਾਜਵਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਹੜਤਾਲ ਨੂੰ ਮਹੀਨੇ ਦੇ ਕਰੀਬ ਹੋ ਗਿਆ ਹੈ। ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵਲੋਂ ਧਿਆਨ ਨਹੀਂ ਦੇ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਜਦ ਦੇਸ਼ 'ਚ ਕੋਰੋਨਾ ਦੀ ਮਹਾਂਮਾਰੀ ਕਾਰਨ ਹਰ ਕੋਈ ਘਰਾਂ ਵਿਚ ਬੰਦ ਸੀ ਤਾਂ ਨਰਸਿੰਗ ਸਟਾਫ਼ ਹੀ ਕੋਰੋਨਾ ਯੋਧਾ ਬਣਕੇ ਮਰੀਜ਼ਾਂ ਦੀ ਦੇਖ ਭਾਲ ਕਰਦਾ ਰਿਹਾ ਹੈ ਪਰ ਸਰਕਾਰ ਨੇ ਉਨ੍ਹਾਂ ਨੂੰ ਕੋਈ ਵੀ ਵਿੱਤੀ ਲਾਭ ਨਹੀਂ ਦਿੱਤਾ। ਨਰਸਿੰਗ ਸਟਾਫ ਦਾ ਕਹਿਣਾ ਹੈ ਕਿ ਸਰਕਾਰ ਦੇ ਹੋਰ ਸਾਰੇ ਕੰਮ ਕਾਰ ਹੋਈ ਜਾ ਰਹੇ ਹਨ ਪਰ ਜਦੋਂ ਮੁਲਾਜਮਾਂ ਦੇ ਹੱਕਾਂ ਦੀ ਚੱਲਦੀ ਹੈ ਤਾਂ ਉਨ੍ਹਾਂ ਸਰਕਾਰੀ ਕਲਮ ਚਲਣੀ ਬੰਦ ਕਿਉਂ ਹੋ ਜਾਂਦੀ ਹੈ। ਨਰਸਿੰਗ ਸਟਾਫ ਦਾ ਕਹਿਣਾ ਹੈ ਕਿ ਜੱਦ ਤੱਕ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਉਹ ਹਸਪਤਾਲ 'ਚ ਕਿਸੇ ਵੀ ਮਰੀਜ ਨੂੰ ਵੇਖਿਆ ਨਹੀਂ ਜਾਵੇਗਾ ਅਤੇ ਵਿਧਾਨ ਸਭਾ ਦੀਆਂ ਚੋਣਾਂ 'ਚ ਸਰਕਾਰ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਇਸ ਮੌਕੇ 'ਤੇ ਹੋਰਨਾਂ ਸਮੇਤ ਮਨਜੀਤ ਕੌਰ, ਹਰਮੀਤ ਕੌਰ, ਨਿਸ਼ਾ ਕਲਿਆਲ, ਰੀਨਾ, ਸੰਗੀਤਾ, ਰੂਪਿੰਦਰ ਕੌਰ, ਅਮਨ, ਸਰਬਜੀਤ ਸਿੰਘ ਅਤੇ ਹੋਰ ਸਟਾਫ ਮੈਂਬਰ ਹਾਜਰ ਸਨ।

ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਘਬਰਾਈਆਂ ਵਿਰੋਧੀ ਧਿਰਾਂ ਅਣਉਚਿਤ ਸਹਾਰੇ ਲੈਣ ਲੱਗੀਆਂ - ਵਿਧਾਇਕ ਰਜਿੰਦਰ ਸਿੰਘ

ਸਮਾਣਾ, 3 ਜਨਵਰੀ (ਹਰਵਿੰਦਰ ਸਿੰਘ ਟੋਨੀ) - ਸਮਾਣਾ ਦੇ ਵਿਧਾਇਕ ਰਜਿੰਦਰ ਸਿੰਘ ਨੇ ਆਖਿਆ ਹੈ ਕਿ ਪੰਜਾਬ ਦੀ ਕਾਂਗਰਸ ਸਰਕਾਰ ਨੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ 'ਚ 100 ਦਿਨਾਂ ਵਿਚ 100 ਮਹੱਤਵਪੂਰਨ ਫ਼ੈਸਲੇ ਕਰਕੇ ਪੰਜਾਬ ਦੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਚੰਨੀ ਸਰਕਾਰ ਦੇ ਫ਼ੈਸਲਿਆਂ ਨਾਲ ਪੂਰੇ ਪੰਜਾਬ ਵਿਚ ਕ੍ਰਾਂਤੀ ਆ ਰਹੀ ਹੈ ਅਤੇ ਵਿਰੋਧੀ ਧਿਰਾਂ ਵਿਕਾਸ ਕਾਰਜਾਂ ਨੂੰ ਵੇਖ ਕੇ ਇੰਨੀ ਬੌਖਲਾਹਟ ਵਿਚ ਆ ਗਈਆਂ ਹਨ ਕਿ ਉਹ ਅਣਉਚਿਤ ਸਹਾਰੇ ਲੈਣ ਲੱਗੀਆਂ ਹਨ। ਸ਼੍ਰੋਮਣੀ ਅਕਾਲੀ ਦਲ (ਬ) ਨੇ ਆਪਣੀ ਡੁੱਬਦੀ ਬੇੜੀ ਦੇਖ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਹਾਰਾ ਲੈਣਾ ਸ਼ੁਰੂ ਕਰ ਦਿੱਤਾ ਹੈ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਕੇਜਰੀਵਾਲ ਨੇ ਝੂਠੀਆਂ ਗਰੰਟੀਆਂ ਦਾ ਸਹਾਰਾ ਲੈਣਾ ਸ਼ੁਰੂ ਕਰ ਦਿੱਤਾ ਹੈ। ਵਿਧਾਇਕ ਰਜਿੰਦਰ ਸਿੰਘ ਨੇ ਪਿੰਡ ਮਵੀਂ ਸੱਪਾਂ ਵਿਖੇ ਇਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿੰਡ ਵਿਚ ਹੁਣ ਤੱਕ 80 ਲੱਖ ਰੁਪਏ ਦੀ ਗ੍ਰਾਂਟ ਨਾਲ ਪਿੰਡ ਦੀਆਂ ਗਲੀਆਂ-ਨਾਲੀਆਂ, ਸ਼ਮਸ਼ਾਨ ਘਾਟ, ਫਿਰਨੀ, ਕਮਿਊਨਿਟੀ ਹਾਲ, ਸੀਵਰੇਜ ਅਤੇ ਛੱਪੜ ਦਾ ਕੰਮ ਕਰਵਾਇਆ ਗਿਆ ਹੈ। ਆਂਗਣਵਾੜੀ ਕੇਂਦਰ ਦਾ ਉਦਘਾਟਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 4.5 ਕਰੋੜ ਰੁਪਏ ਦੀ ਲਾਗਤ ਨਾਲ ਰਾਜਲਾ, ਧਨੌਰੀ, ਮਵੀਂ ਸੱਪਾਂ, ਖੇੜਕੀ, ਕਰਹਾਲੀ ਦੀ ਸੜਕ 18 ਫੁੱਟੀ ਕੀਤੀ ਜਾ ਰਹੀ ਹੈ। ਇਸ ਮੌਕੇ ਯਾਦਵਿੰਦਰ ਸਿੰਘ ਧਨੌਰੀ, ਕ੍ਰਿਸ਼ਨ ਸਿੰਘ ਸਰਪੰਚ, ਕਿਸ਼ਨ, ਜੀਤ ਸਿੰਘ, ਬਹਾਦਰ ਸਿੰਘ, ਭੁਪਿੰਦਰ ਸ਼ਰਮਾ, ਜਗਮੇਲ ਸਿੰਘ, ਹਾਕਮ ਸਿੰਘ, ਰਘਬੀਰ ਸਿੰਘ, ਪ੍ਰਕਾਸ਼ ਸਿੰਘ, ਗੁਰਮੀਤ ਸਿੰਘ, ਹਰਵਿੰਦਰ ਸਿੰਘ ਧਨੌਰੀ ਅਤੇ ਹਰਚਰਨ ਸਿੰਘ ਸਰਪੰਚ ਆਦਿ ਵੀ ਹਾਜ਼ਰ ਸਨ।

ਅਕਾਲੀ ਦਲ ਨਫ਼ਰਤ ਦੀ ਕੋਝੀ ਰਾਜਨੀਤੀ ਸਹਾਰੇ ਚੋਣ ਪਿੜ 'ਚ ਨਾ ਉਤਰੇ - ਕੋਹਲੀ

ਪਟਿਆਲਾ, 3 ਜਨਵਰੀ (ਅ.ਸ. ਆਹਲੂਵਾਲੀਆ) - ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਉਸ ਪਾਰਟੀ ਲਈ ਲੋਕਾਂ 'ਚ ਨਫ਼ਰਤ ਫੈਲਾਉਣ ਦੀ ਕੋਸ਼ਿਸ਼ ਨੂੰ ਲੋਕ ਬਹੁਤੀ ਗੰਭੀਰਤਾ ਨਾਲ ਨਹੀਂ ਲੈਣਗੇ। ਕਿਉਂਕਿ ਪਿਛਲੇ 30 ਸਾਲਾਂ 'ਚ ਉਹ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਭਾਜਪਾ ਨਾਲ ਭਾਈ ਵਾਲ ਕਰ ਕੇਂਦਰ ਸਰਕਾਰ 'ਚ ਵਜੀਰੀਆਂ ਦਾ ਅਨੰਦ ਮਾਣਦੇ ਰਹੇ ਹਨ। ਇਹ ਗੱਲ ਭਾਜਪਾ ਦੇ ਸੂਬਾਈ ਆਗੂ ਗੁਰਜੀਤ ਸਿੰਘ ਕੋਹਲੀ ਨੇ ਕਹੀ। ਉਨ੍ਹਾਂ ਦਾਅਵਾ ਕੀਤਾ ਕਿ ਬਾਬਰੀ ਮਸਜਿਦ ਦੇ ਢਾਹੇ ਜਾਣ ਤੋਂ ਲੈ ਕੇ ਪਿਛਲੇ ਸਮੇਂ ਦਾ ਵੇਰਵਾ ਦੇ ਸ. ਬਾਦਲ ਨੇ ਭਾਜਪਾ ਨੂੰ ਇਕ ਫ਼ਿਰਕੇ ਦਾ ਵਿਰੋਧੀ ਗਰਦਾਨਿਆ ਉਹ ਵੀ ਭਾਜਪਾ ਦੇ ਮੰਤਰੀ ਮੰਡਲ 'ਚ ਉਸੇ ਭਾਈਚਾਰੇ ਦੇ ਮੰਤਰੀ ਹੋਣ ਨਾਲ ਗੱਲ ਝੂਠੀ ਪੈ ਗਈ ਹੈ। ਉਨ੍ਹਾਂ ਕਿਹਾ ਖੇਤੀ ਕਾਨੂੰਨਾਂ ਤੇ ਵੀ ਅਕਾਲੀ ਦਲ ਦੀ ਮੋਹਰ ਤੋਂ ਬਾਅਦ ਹੀ ਦੇਸ਼ ਦੀ ਸੰਸਦ 'ਚ ਲਿਆ ਪਾਸ ਕਰਨ ਦਾ ਅਮਲ ਪੂਰਾ ਕੀਤਾ ਗਿਆ। ਜਿਸ ਦੀ ਹਮਾਇਤ ਕਰਦਿਆਂ ਵੀਡੀਓ ਵੀ ਜਾਰੀ ਕੀਤੀਆਂ ਗਈਆਂ। ਹੁਣ ਅਕਾਲੀ ਦਲ ਨੂੰ ਮੁੱਦਿਆਂ ਤੇ ਚੋਣ ਪਿੜ 'ਚ ਉੱਤਰਨਾ ਚਾਹੀਦਾ ਹੈ ਨਾ ਕਿ ਨਫ਼ਰਤ ਦੀ ਕੋਝੀ ਰਾਜਨੀਤੀ ਅਪਣਾਕੇ।

ਗੁਰਜੀਤ ਸਿੰਘ ਕੋਹਲੀ

ਪਿੰਡ ਅਜਰਾਵਰ ਵਾਸੀਆਂ ਵਲੋਂ ਅੰਦੋਲਨ 'ਚੋਂ ਪਰਤੇ ਕਿਸਾਨਾਂ ਦਾ ਸਨਮਾਨ ਕਰਦੇ ਹੋਏ। ਅਜੀਤ ਤਸਵੀਰ

ਅਜਰਾਵਰ ਪਿੰਡ ਵਾਸੀਆਂ ਵਲੋਂ ਕਿਸਾਨੀ ਸੰਘਰਸ਼ 'ਚ ਸ਼ਹੀਦ ਹੋਏ ਕਿਸਾਨਾਂ ਨੂੰ ਸ਼ਰਧਾਂਜਲੀ

ਘਨੌਰ, 3 ਜਨਵਰੀ (ਸਰਦਾਰਾ ਸਿੰਘ ਲਾਛੜੂ) - ਪਿੰਡ ਅਜਰਾਵਰ ਵਿਖੇ ਅੰਦੋਲਨ ਜਿੱਤ ਕੇ ਪਰਤੇ ਪਿੰਡ ਵਾਸੀਆਂ ਦਾ ਸਨਮਾਨ ਅਮਨਦੀਪ ਸਿੰਘ ਮੁਲਤਾਨੀ, ਗੁਰਪ੍ਰੀਤ ਸਿੰਘ ਬਬਲੂ ਕਾਮਰੇਡ ਗੁਰਜੀਤ ਸਿੰਘ ਦੇ ਸਹਿਯੋਗ ਨਾਲ ਸ੍ਰੀ ਆਖੰਡ ਪਾਠ ਕਰਾਇਆ ਗਿਆ ਜਿਸ 'ਚ ਦਿੱਲੀ ਕਿਸਾਨ ਅੰਦੋਲਨ 'ਚ ਸ਼ਹੀਦ ਹੋਏ 750 ਕਿਸਾਨਾਂ ਲਈ ਅਰਦਾਸ ਕੀਤੀ ਗਈ ਇਸ ਤੋਂ ਬਾਅਦ ਡਾ.ਸਵੈਮਾਨ, ਕੁਲਦੀਪ ਸਿੰਘ ਖ਼ਾਲਸਾ, ਹਰਪ੍ਰੀਤ ਸਿੰਘ, ਚਮਕੌਰ ਸਿੰਘ, ਜਗਦੇਵ ਸਿੰਘ ਫੋਟੋਗ੍ਰਾਫਰ ਦਾ ਸਨਮਾਨ ਪਿੰਡ ਵਾਸੀਆਂ ਵਲੋਂ ਕੀਤਾ ਗਿਆ। ਡਾ. ਸਵੈਮਾਨ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਕਿਸਾਨਾਂ ਤੇ ਮਜ਼ਦੂਰਾਂ ਦੇ ਯੋਗਦਾਨ ਨਾਲ ਸੰਘਰਸ਼ ਜਿੱਤਿਆ ਹੈ। ਡਾ.ਸਵੈਮਾਨ ਤੇ ਪਿੰਡ ਦੇ ਉਘੇ ਵਿਅਕਤੀਆਂ ਵਲੋਂ ਅੰਦੋਲਨ 'ਚ ਹਾਜਰੀ ਲਵਾਉਣ ਵਾਲੇ ਯੋਧਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਲਵਪ੍ਰੀਤ ਸਿੰਘ ਸੋਨੂੰ, ਰੁਲਦਾ ਰਾਮ, ਰੁਪਿੰਦਰ ਸਿੰਘ ਹੈਪੀ, ਕਾਮਰੇਡ ਤਰਸੇਮ ਚੰਦ, ਸੁਖਜੀਤ ਸਿੰਘ ਸਿੱਧੂ, ਮਨਜੀਤ ਸਿੰਘ ਨੰਬਰਦਾਰ ਤੇ ਜਗਪਾਲ ਸਿੰਘ ਮੰਡੋਲੀ ਆਦਿ ਹਾਜਰ ਸਨ।

ਪਦਮਸ੍ਰੀ ਕਰਤਾਰ ਸਿੰਘ ਦੇ ਅਕਾਲ ਚਲਾਣੇ ਨਾਲ ਖ਼ਾਲਸਾ ਪੰਥ ਵੱਡੀ ਸ਼ਖ਼ਸੀਅਤ ਤੋਂ ਹੋਇਆ ਵਾਂਝਾ : ਪ੍ਰੋ. ਬਡੂੰਗਰ

ਪਟਿਆਲਾ, 3 ਜਨਵਰੀ (ਅ.ਸ. ਆਹਲੂਵਾਲੀਆ) - ਗੁਰਮਤਿ ਸੰਗੀਤ ਆਚਾਰੀਆ ਪਦਮਸ੍ਰੀ ਕਰਤਾਰ ਸਿੰਘ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪਦਮਸ੍ਰੀ ਕਰਤਾਰ ਸਿੰਘ ਉਸ ਨੇ ਆਪਣੀ ਸਾਰੀ ਉਮਰ ਗੁਰਮਤਿ ਸੰਗੀਤ ਦੇ ਲੇਖੇ ਲਾਈ ਤੇ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕੀਰਤਨ ਸਬ ਕਮੇਟੀ ਦੇ ਚੇਅਰਮੈਨ ਵਜੋਂ ਸੇਵਾਵਾਂ ਨਿਭਾ ਰਹੇ ਸਨ। ਉਨ੍ਹਾਂ ਕਿਹਾ ਕਿ ਸੰਗੀਤ ਆਚਾਰੀਆ ਕਰਤਾਰ ਸਿੰਘ ਵਲੋਂ ਪੁਰਾਤਨ ਕੀਰਤਨ ਸ਼ੈਲੀ ਰਾਹੀਂ ਹਜ਼ਾਰਾਂ ਰਾਗੀ ਸਿੰਘਾਂ ਦੇ ਜਥਿਆਂ ਨੂੰ ਕੀਰਤਨ ਦੀ ਸਿਖਲਾਈ ਦੇਣ ਵਿਚ ਵੀ ਆਪਣੀ ਅਹਿਮ ਭੂਮਿਕਾ ਨਿਭਾਈ। ਪ੍ਰੋ. ਬਡੂੰਗਰ ਨੇ ਕਿਹਾ ਕਿ ਸੰਗੀਤਚਾਰੀਆ ਪਦਮਸ੍ਰੀ ਕਰਤਾਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਨਾਲ ਖ਼ਾਲਸਾ ਪੰਥ ਬਹੁਤ ਵੱਡੀ ਸ਼ਖ਼ਸੀਅਤ ਤੋਂ ਵਾਂਝਾ ਹੋ ਗਿਆ ਹੈ।

ਫੋਟੋਗ੍ਰਾਫਰ ਐਸੋਸੀਏਸ਼ਨ ਸਮਾਣਾ ਦੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਕੁਲਦੀਪ ਸਿੰਘ ਨੱਸੂਪੁਰ ਅਤੇ ਸੁਖਵਿੰਦਰ ਸਿੰਘ ਸੁੱਖੀ ਰੱਖੜਾ ਨੂੰ ਆਪਣੀਆਂ ਮੰਗਾਂ ਤੋਂ ਜਾਣੂ ਕਰਵਾਉਂਦੇ ਹੋਏ। ਤਸਵੀਰ : ਗੁਰਦੀਪ ਸ਼ਰਮਾ

ਫੋਟੋਗ੍ਰਾਫਰ ਐਸੋਸੀਏਸ਼ਨ ਸਮਾਣਾ ਨੇ ਸਮਾਗਮ ਕਰਵਾਇਆ

ਸਮਾਣਾ, 3 ਜਨਵਰੀ (ਗੁਰਦੀਪ ਸ਼ਰਮਾ) - ਫੋਟੋਗ੍ਰਾਫਰ ਐਸੋਸੀਏਸ਼ਨ ਸਮਾਣਾ ਵਲੋਂ ਸਥਾਨਕ ਅਗਰਵਾਲ ਧਰਮਸ਼ਾਲਾ 'ਚ ਕਰਵਾਏ ਗਏ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਤੇ ਸਪੁੱਤਰ ਸੁਖਵਿੰਦਰ ਸਿੰਘ ਸੁੱਖੀ ਰੱਖੜਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਕੁਲਦੀਪ ਸਿੰਘ ਨੱਸੂਪੁਰ ਨੇ ਸ਼ਿਰਕਤ ਕੀਤੀ। ਇਸ ਮੌਕੇ ਫੋਟੋਗ੍ਰਾਫਰ ਭਾਈਚਾਰੇ ਨੇ ਵਿਛੜ ਚੁੱਕੇ ਮੈਂਬਰਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਤੇ ਕਿਹਾ ਕਿ ਮੋਬਾਈਲ ਦੇ ਇਸ ਯੁੱਗ ਵਿਚ ਜਿੱਥੇ ਫੋਟੋਗ੍ਰਾਫਰੀ ਦਾ ਕੰਮ ਘੱਟ ਗਿਆ ਹੈ ਉੱਥੇ ਕੋਰੋਨਾ ਮਹਾਂਮਾਰੀ ਕਾਰਨ ਹੋਏ ਲਾਕਡਾਊਨ ਤੋਂ ਬਾਅਦ ਲੋਕਾਂ 'ਚ ਭਿਆਨਕ ਬਿਮਾਰੀ ਦੇ ਡਰੋਂ ਸਰਕਾਰ ਵਲੋਂ ਇਕੱਠ ਨਾ ਕਰਨ ਦੀਆਂ ਹਦਾਇਤਾਂ ਕਾਰਨ ਬਿਲਕੁਲ ਹੀ ਚੌਪਟ ਹੋ ਕੇ ਰਹਿ ਗਿਆ ਹੈ। ਉਨ੍ਹਾਂ ਸਰਕਾਰ ਕੋਲੋਂ ਰਾਹਤ ਦੀ ਮੰਗ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਵਪਾਰੀ ਵਰਗ ਦਾ ਸਿਹਤ ਬੀਮਾ ਕੀਤਾ ਜਾਂਦਾ ਹੈ ਉਸੇ ਤਰਜ਼ 'ਤੇ ਸਾਡੇ ਵੀ ਬੀਮੇ ਕੀਤੇ ਜਾਣ। ਇਸ ਮੌਕੇ ਜਿੱਥੇ ਐਸੋਸੀਏਸ਼ਨ ਦੇ ਰਹਿ ਚੁੱਕੇ ਪ੍ਰਧਾਨ ਅਸ਼ੋਕ ਗੁਪਤਾ, ਕੈਲਾਸ਼ ਸ਼ਰਮਾ, ਵਰਿੰਦਰ ਗੋਇਲ, ਗੁਰਦੀਪ ਸ਼ਰਮਾ, ਆਸ਼ਾ ਸਿੰਘ ਤਤਲਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਿਰਨ ਬੇਦੀ, ਰਾਜਿੰਦਰ ਚੌਹਾਨ, ਸਤੀਸ਼ ਗੁਪਤਾ, ਅਜੈਬ ਸਿੰਘ ਤੋਂ ਇਲਾਵਾ ਹੋਰ ਮੈਂਬਰ ਵੀ ਹਾਜ਼ਰ ਸਨ।

ਹਲਕੇ ਦੇ ਪਿੰਡਾਂ 'ਚ ਚੋਣ ਬੈਠਕ ਦੌਰਾਨ ਹਰ